ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)
ਅਧਿਸੂਚਨਾ

ਨੰ: 16/7/2019-4ਸਸ3/ 1517009/1 ਮਿਤੀ,ਚੰਡੀਗੜ੍ਹ: 05/07/2019

ਜਿਵੇਂ ਕਿ ਨਗਰ ਪੰਚਾਇਤ, ਸਰਦੂਲਗੜ੍ਹ ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ: 45 ਮਿਤੀ: 19.10.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ ਅਖਬਾਰ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ, ਇਤਰਾਜ ਪ੍ਰਾਪਤ ਨਾ ਹੋਣ ਕਾਰਨ ਨਗਰ ਪੰਚਾਇਤ, ਸਰਦੂਲਗੜ੍ਹ ਵੱਲੋ ਮਤਾ ਨੰ: 175 ਮਿਤੀ: 28.7.2016 ਨੂੰ ਫਾਈਨਲ ਨੋਟੀਫਿਕੇਸ਼ਨ ਕਰਾਉਣ ਲਈ ਮਤਾ ਲਗਾਉਣਾ ਪ੍ਰਵਾਨ ਕੀਤਾ ਗਿਆ।

2. ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਪੰਚਾਇਤ, ਸਰਦੂਲਗੜ੍ਹ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਜਿਸ ਦੀਆ ਕੁਲੈਕਟਿੰਗ ਏਜੰਸੀਆ ਹੇਠਾ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆ ਜਾਂਦੀਆ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ (ਕਾਓ ਸੈਸ) | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ | 100/- ਰੁਪਏ | ਨਗਰ ਪੰਚਾਇਤ, ਸਰਦੂਲਗੜ੍ਹ |
| 2 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ | 10/- ਰੁਪਏ | ਸਹਾਇਕ ਕਰ ਤੇ ਆਬਕਾਰੀ ਕਮਿਸ਼ਨਰ, ਮਾਨਸਾ |
| 3 | ਸ਼ਰਾਬ ਦੇਸੀ ਅਤੇ ਬੀਅਰ ਪ੍ਰਤੀ ਬੋਤਲ | 05/- ਰੁਪਏ | ਸਹਾਇਕ ਕਰ ਤੇ ਆਬਕਾਰੀ ਕਮਿਸ਼ਨਰ, ਮਾਨਸਾ |
| 4 | ਸੀਮਿੰਟ ਪ੍ਰਤੀ ਬੈਗ | 01/- ਰੁਪਏ | ਨਗਰ ਪੰਚਾਇਤ, ਸਰਦੂਲਗੜ੍ਹ |
| 5 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸਨ | 1000/- ਰੁਪਏ | ਨਗਰ ਪੰਚਾਇਤ, ਸਰਦੂਲਗੜ੍ਹ |
| 6 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸਨ | 500/- ਰੁਪਏ | ਨਗਰ ਪੰਚਾਇਤ, ਸਰਦੂਲਗੜ੍ਹ |
| 7 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/- ਰੁਪਏ | ਉਪ ਮੰਡਲ ਮੈਜਿਸਟਰੇਟ, ਸਰਦੂਲਗੜ੍ਹ |
| 8 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/- ਰੁਪਏ | ਉਪ ਮੰਡਲ ਮੈਜਿਸਟਰੇਟ, ਸਰਦੂਲਗੜ੍ਹ |

ਮਿਤੀ: ਚੰਡੀਗੜ੍ਹ
28.06.2019

ਐਮ.ਪੀ ਸਿੰਘ, ਆਈ.ਏ.ਐਸ.
ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ

ਪਿੱਠ ਅੰਕਣ ਨੰ: 16/7/2019-4ਸਸ3/ 1517009/2 ਮਿਤੀ ਚੰਡੀਗੜ੍ਹ: 05/07/2019

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ. ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ਅਤੇ ਇਸ ਦੀਆਂ 10 ਕਾਪੀਆਂ ਸਰਕਾਰ ਨੂੰ ਰਿਕਾਰਡ ਲਈ ਭੇਜ ਦਿੱਤੀਆ ਜਾਣ।

ਅਧੀਨ ਸਕੱਤਰ, ਸਥਾਨਕ ਸਰਕਾਰ

ਪਿੱਠ ਅੰਕਣ ਨੰ: 16/7/2019-4ਸਸ3/ 1517009/3-15 ਮਿਤੀ ਚੰਡੀਗੜ੍ਹ: 05/07/2019

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ ਚੰਡੀਗੜ੍ਹ;
2 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ;
3 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ;
4 ਚੇਅਰਮੇਨ,ਪੰਜਾਬ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ;
5 ਡਿਪਟੀ ਕਮਿਸ਼ਨਰ, ਮਾਨਸਾ।
6 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਬਠਿੰਡਾ।
7 ਉਪ-ਮੰਡਲ ਮੈਜਿਸਟਰੇਟ, ਸਰਦੂਲਗੜ੍ਹ।
8 ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਸਰਦੂਲਗੜ੍ਹ।
9 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ, ਚੰਡੀਗੜ੍ਹ
10 ਦਫਤਰ ਟਾਊਨ ਪਲੈਨਰ, ਟਾਊਨ ਪਲੈਨਿੰਗ ਵਿੰਗ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ;
11 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਮਾਨਸਾ।
12 ਜਿਲ੍ਹਾ ਟਰਾਂਸਪੋਰਟ ਅਫਸਰ, ਮਾਨਸਾ।
13 ਜਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ, ਮਾਨਸਾ।

ਅਧੀਨ ਸਕੱਤਰ, ਸਥਾਨਕ ਸਰਕਾਰ